# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :06-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰੋਗਰਾਮ, "ਪਰਿਕ੍ਸ਼ਾ ਪੇ ਚਰਚਾ" ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ- ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਸਿੱਖਣ ਦੇ ਤਰੀਕਿਆਂ 'ਤੇ ਭਰੋਸਾ ਕਰਨ ਦੀ ਸਲਾਹ ਦਿੱਤੀ।
- ਪੰਜਾਬ ਸਰਕਾਰ ਵੱਲੋਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ, ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ, ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ I
- ਆਮ ਆਦਮੀ ਪਾਰਟੀ ਆਗੂ ਲੱਕੀ ਓਬਰਾਏ ਦੇ ਕਤਲ ਮਾਮਲੇ ਵਿਚ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ- ਮੁਲਜ਼ਮਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ।

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ 15ਵਾਂ ਰੋਜ਼ ਫੈਸਟੀਵਲ ਅੱਜ ਰੋਜ਼ ਗਾਰਡਨ 'ਚ ਸ਼ੁਰੂ ਹੋਇਆ I

ਅਤੇ

- ਅੰਡਰ-19 ਕ੍ਰਿਕੇਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਭਾਰਤ ਨੇ ਇੰਗਲੈਂਡ ਸਾਹਮਣੇ ਜਿੱਤ ਲਈ, 412 ਦੌੜਾਂ ਦਾ ਟੀਚਾ ਰੱਖਿਆ।

**ਹੁਣ ਖਬਰਾਂ ਵਿਸਥਾਰ ਨਾਲ**

------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਸੰਵਾਦ ਪ੍ਰੋਗਰਾਮ, "ਪਰਿਕ੍ਸ਼ਾ ਪੇ ਚਰਚਾ" ਦੇ 9ਵੇਂ ਐਡੀਸ਼ਨ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਅੱਜ ਜਾਰੀ ਕੀਤੇ ਗਏ ਇੱਕ ਵੀਡੀਓ ਵਿੱਚ, ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨਾਲ ਨਜਿੱਠਣ ਦੇ ਤਰੀਕਿਆਂ ਬਾਰੇ ਸੰਬੋਧਨ ਕੀਤਾ । ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਆਪਣੇ ਸਿੱਖਣ ਦੇ ਤਰੀਕਿਆਂ 'ਤੇ ਭਰੋਸਾ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਕੋਈ ਵੀ ਦੋ ਵਿਅਕਤੀ ਇੱਕੋ ਤਰੀਕੇ ਨਾਲ ਨਹੀਂ ਸੋਚਦੇ ਜਾਂ ਨਹੀਂ ਸਿੱਖਦੇ। ਉਨ੍ਹਾਂ ਕਿਹਾ ਕਿ ਹਰੇਕ ਵਿਦਿਆਰਥੀ ਦੀ ਇੱਕ ਵਿਲੱਖਣ ਸ਼ੈਲੀ ਹੁੰਦੀ ਏ ਅਤੇ ਉਨ੍ਹਾਂ ਨੂੰ ਆਪਣੀ ਤਿਆਰੀ ਦੇ ਤਰੀਕਿਆਂ 'ਤੇ ਪੂਰਾ ਭਰੋਸਾ ਹੋਣਾ ਚਾਹੀਦਾ ਏ। ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਅਧਿਆਪਕਾਂ, ਮਾਪਿਆਂ ਅਤੇ ਸਲਾਹਕਾਰਾਂ ਵਲੋਂ

ਦਿੱਤੇ ਗਏ ਸੁਝਾਵਾਂ ਨੂੰ ਧਿਆਨ ਨਾਲ ਸੁਣਨ ਅਤੇ ਡੂੰਘਾਈ ਨਾਲ ਸਮਝਣ ਦੀ ਅਪੀਲ ਕੀਤੀ ।ਪ੍ਰਧਾਨ ਮੰਤਰੀ ਨੇ ਅਧਿਆਪਕਾਂ ਨੂੰ ਹਰੇਕ ਵਿਦਿਆਰਥੀ ਦੀ ਸਿੱਖਣ ਦੀ ਗਤੀ ਪ੍ਰਤੀ ਸੰਵੇਦਨਸ਼ੀਲ ਹੋਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਅਧਿਆਪਕ ਨੂੰ ਵਿਦਿਆਰਥੀ ਤੋਂ ਇੱਕ ਕਦਮ ਅੱਗੇ ਰਹਿਣਾ ਚਾਹੀਦਾ ਏ ਬਹੁਤ ਜ਼ਿਆਦਾ ਅੱਗੇ ਨਹੀਂ, ਤਾਂ ਜੋ ਮਾਰਗ-ਦਰਸ਼ਨ ਵਿਹਾਰਕ ਲਗੇ ਅਤੇ ਡਰ ਮਹਿਸੂਸ ਨਾ ਹੋਵੇ। ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਉਹ ਤਿਆਰੀ ਦੇ ਗਲਤ ਤਰੀਕਿਆਂ, ਜਿਵੇਂ ਕਿ ਗਾਈਡਬੁੱਕ, ਮਹੱਤਵਪੂਰਨ ਪ੍ਰਸ਼ਨ ਪੁਸਤਕਾਂ, ਜਾਂ ਪ੍ਰਸ਼ਨ ਬੈਂਕਾਂ 'ਤੇ ਭਰੋਸਾ ਨਾ ਕਰਨ। ਉਨ੍ਹਾਂ ਕਿਹਾ ਕਿ ਅਧਿਆਪਕ ਪੂਰੇ ਸਿਲੇਬਸ 'ਤੇ ਧਿਆਨ ਕੇਂਦਰਿਤ ਕਰਦੇ ਨੇ, ਸਖ਼ਤ ਮਿਹਨਤ ਨੂੰ ਉਤਸ਼ਾਹਿਤ ਕਰਦੇ ਨੇ , ਅਤੇ ਵਿਦਿਆਰਥੀਆਂ ਨੂੰ ਸਿੱਖੇ ਗਏ ਗਿਆਨ ਦੇ ਅਸਲ ਜੀਵਨ ਵਿੱਚ ਵਰਤੋਂ ਨੂੰ ਸਮਝਣ ਵਿੱਚ ਮਦਦ ਕਰਦੇ ਹਨ। ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਜ਼ਿੰਦਗੀ ਸਿਰਫ਼ ਪ੍ਰੀਖਿਆਵਾਂ ਅਤੇ ਅੰਕਾਂ ਤੱਕ ਸੀਮਤ ਨਹੀਂ ਏ ।

BYTE

ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਰੋਜ਼ਮਰਾ ਜ਼ਿੰਦਗੀ ਵਿੱਚ ਕਸਰਤ, ਯੋਗ, ਪੌਸ਼ਟਿਕ ਖੁਰਾਕ, ਢੁਕਵਾਂ ਆਰਾਮ ਅਤੇ ਮਾਨਸਿਕ ਤਾਕਤ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ।

--------------------------------------------------------------------

ਜ਼ਿਲ੍ਹਾ ਮੁਹਾਲੀ ਦੇ ਪਿੰਡ ਰਕੋਲੀ ਵਿਖੇ ਸਥਿਤ ਪੀ.ਐਮ. ਸ਼੍ਰੀ ਸਕੂਲ ਜਵਾਹਰ ਨਵੋਦਿਆ ਵਿਦਿਆਲਿਆ ਦੇ ਵਿਦਿਆਰਥੀਆਂ ਸਾਰਿਕਾ ਅਤੇ ਓਮ ਨੇ "ਪਰਿਕ੍ਸ਼ਾ ਪੇ ਚਰਚਾ" ਪ੍ਰੋਗਰਾਮ, ਬਾਰੇ ਆਪਣੇ ਵਿਚਾਰ ਸਾਂਝੇ ਕੀਤੇ I **BYTE**

ਅਧਿਆਪਕਾ ਹੇਮਲਤਾ ਅਤੇ ਮਨਜੀਤ ਕੌਰ ਨੇ ਪ੍ਰੀਖਿਆਵਾਂ ਦੌਰਾਨ ਸਮਾਂ ਪ੍ਰਬੰਧਨ, ਤਣਾਅ ਤੋਂ ਛੁਟਕਾਰਾ ਪਾਉਣ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ । **BYTE**

--------------------------------------------------------------------

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 649 ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਹੁਸ਼ਿਆਰਪੁਰ ਜਿਲ੍ਹੇ ਦੇ ਪਿੰਡ ਖੁਰਾਲਗੜ੍ਹ ਵਿਖੇ ਚਾਰ ਫਰਵਰੀ ਨੂੰ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਭੋਗ ਮਗਰੋਂ ਕੀਰਤਨੀ ਜਥਿਆਂ ਵੱਲੋਂ ਕੀਰਤਨ ਕੀਤਾ ਗਿਆ । ਸੰਤ ਸਮਾਜ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ ’ਤੇ ਮਨਾਉਣ

ਲਈ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਡੇਰਾ ਬੱਲਾਂ ਤੋਂ ਸੰਤ ਪ੍ਰਦੀਪ ਦਾਸ ਨੇ ਕਿਹਾ ਕਿ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਸਥਾਪਤ ਕਰਨ ਲਈ ਡੇਰਾ ਬੱਲਾਂ ਨੇੜੇ 10 ਏਕੜ ਜ਼ਮੀਨ ਪ੍ਰਦਾਨ ਕੀਤੀ ਏ, ਜਿਸ ਲਈ ਉਹ ਸਰਕਾਰ ਦੇ ਧੰਨਵਾਦੀ ਨੇ। ਇਸ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪ੍ਰਕਾਸ਼ ਪੁਰਬ ਨੂੰ ਧਾਰਮਿਕ ਉਤਸ਼ਾਹ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਏ , ਜੋ ਅੱਜ ਸ਼ੁਰੂ ਹੋਈ ਏ। ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਦੇਸ਼-ਦੁਨੀਆ ਦੇ ਹਰ ਕੋਨੇ ਵਿੱਚ ਪਹੁੰਚਾਇਆ ਜਾਵੇਗਾ। ਇਸ ਤੋਂ ਪਹਿਲਾਂ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੇ ਮੰਤਰੀ ਮੰਡਲ ਨੇ ਸੰਗਤੀ ਰੂਪ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਮੁੱਖ ਮੰਤਰੀ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਤਪ ਅਸਥਾਨ 'ਤੇ ਵੀ ਮੱਥਾ ਟੇਕਿਆ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ I

**BYTE**

---------------------------------------------------------------------

ਆਮ ਆਦਮੀ ਪਾਰਟੀ ਆਗੂ ਲੱਕੀ ਓਬਰਾਏ ਦੀ ਅੱਜ ਸਵੇਰੇ ਜਲੰਧਰ ਦੇ ਮਾਡਲ ਟਾਊਨ ਇਲਾਕੇ ਵਿੱਚ ਇੱਕ ਗੁਰਦੁਆਰੇ ਦੇ ਬਾਹਰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ । ਸੂਤਰਾਂ ਮੁਤਾਬਿਕ ਜਦੋਂ ਉਹ ਧਾਰਮਿਕ ਸਥਾਨ ਦੇ ਬਾਹਰ ਆਪਣੇ ਚਾਰ ਪਹੀਆ ਵਾਹਨ ਵਿੱਚ ਬੈਠਾ ਸੀ ਤਾਂ ਕੁਝ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਉਸ ਨੂੰ ਨੇੜਿਓਂ ਕਈ ਗੋਲੀਆਂ ਮਾਰੀਆਂ। ਜਲੰਧਰ ਪੁਲਿਸ ਦੇ ਡੀ.ਸੀ.ਪੀ, ਮਨਪ੍ਰੀਤ ਸਿੰਘ ਨੇ ਕਿਹਾ ਕਿ ਲੱਕੀ ਓਬਰਾਏ ਨੇ ਕਦੇ ਵੀ ਪੁਲਿਸ ਨੂੰ ਕਿਸੇ ਤੋਂ ਆਪਣੀ ਜਾਨ ਨੂੰ ਕਿਸੇ ਵੀ ਖਤਰੇ ਬਾਰੇ ਰਿਪੋਰਟ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਮੁਲਜ਼ਮਾਂ  ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ । ਸਾਡੇ ਪੱਤਰਕਾਰ ਨੇ ਦਸਿਆ ਕਿ ਇਹ ਗੋਲੀਬਾਰੀ ਉਦੋਂ ਹੋਈ ਏ ਜਦੋਂ ਪੰਜਾਬ ਪੁਲਿਸ ਵੱਲੋਂ ਹਾਲ ਹੀ ਵਿੱਚ ਸੂਬੇ ਵਿੱਚ 'ਗੈਂਗਸਟਰਾਂ ਵਿਰੁੱਧ ਜੰਗ' ਮੁਹਿੰਮ ਪਹਿਲਾਂ ਹੀ ਸ਼ੁਰੂ ਕੀਤੀ ਹੋਈ ਏ । ਇਸ ਦੌਰਾਨ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਅੱਜ ਜਲੰਧਰ ਵਿੱਚ ਅਪਰਾਧ ਵਾਲੀ ਥਾਂ ਦਾ ਦੌਰਾ ਕੀਤਾ I ਇਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ DGP ਨੇ ਕਿਹਾ ਕਿ ਮੁਲਜ਼ਮਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਮਿਸਾਲੀ ਸਜ਼ਾ ਦਿੱਤੀ ਜਾਵੇਗੀ ।

**BYTE**

---

ਪੰਜਾਬ ਵਿੱਚ ਨਸ਼ਿਆਂ ਦੇ ਖਾਤਮੇ ਲਈ ਸੂਬੇ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਤਰਨਤਾਰਨ ਵਿੱਚ 9 ਫ਼ਰਵਰੀ ਨੂੰ 'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਕੱਢੀ ਜਾਵੇਗੀ। ਇਸ ਪੈਦਲ ਯਾਤਰਾ ਦੀ ਅਗਵਾਈ ਰਾਜਪਾਲ ਖ਼ੁਦ ਨਿੱਜੀ ਤੌਰ 'ਤੇ ਕਰਨਗੇ। ਡਿਪਟੀ ਕਮਿਸ਼ਨਰ ਰਾਹੁਲ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਰਾਜਪਾਲ ਦੇ ਤਰਨ ਤਾਰਨ ਜ਼ਿਲ੍ਹੇ ਦੇ ਦੌਰੇ ਸਬੰਧੀ ਵਿਸ਼ੇਸ਼ ਮੀਟਿੰਗ ਦੌਰਾਨ ਇਹ ਜਾਣਕਾਰੀ ਦਿਤੀ। ਡਿਪਟੀ ਕਮਿਸ਼ਨਰ ਨੇ ਦੌਰੇ ਅਤੇ ਪੈਦਲ ਯਾਤਰਾ ਸਬੰਧੀ ਤਿਆਰੀਆਂ ਨੂੰ ਲੈ ਕੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਰਾਜਪਾਲ ਦੀ ਅਗਵਾਈ ਵਿੱਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ 9 ਫ਼ਰਵਰੀ ਨੂੰ ਸਵੇਰੇ 11:30 ਵਜੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤੋਂ ਸ਼ੁਰੂ ਹੋ ਕੇ ਪੁਲਿਸ ਲਾਈਨ ਤੱਕ ਜਾਵੇਗੀ। ਇਸ ਪੈਦਲ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ, ਯੂਥ ਕਲੱਬਾਂ ਦੇ ਮੈਂਬਰ, ਵਲੰਟੀਅਰ ਸ਼ਾਮਿਲ ਹੋ ਕੇ ਨਸ਼ੇ ਤਿਆਗਣ ਅਤੇ ਨਸ਼ਿਆਂ ਦੇ ਖ਼ਾਤਮੇ ਲਈ ਇਕਜੁੱਟ ਹੋਣ ਦਾ ਸੱਦਾ ਦੇਣਗੇ। ਡਿਪਟੀ ਕਮਿਸ਼ਨਰ ਨੇ ਇਸ ਪੈਦਲ ਯਾਤਰਾ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧਾਂ, ਟ੍ਰੈਫਿਕ ਨਿਯੰਤਰਣ, ਸਾਫ਼-ਸਫ਼ਾਈ, ਸਿਹਤ ਸਹੂਲਤਾਂ, ਮੈਡੀਕਲ ਟੀਮਾਂ, ਰਿਫਰੈਸ਼ਮੈਂਟ, ਪੀਣ ਵਾਲਾ

ਪਾਣੀ ਅਤੇ ਸਮਾਗਮ ਦੌਰਾਨ ਲੋੜੀਂਦੀਆਂ ਵਿਵਸਥਾਵਾਂ ਯਕੀਨੀ ਬਣਾਉਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲ-ਮੇਲ ਨਾਲ ਕੰਮ ਕਰਦੇ ਹੋਏ ਇਸ ਜਾਗਰੂਕਤਾ ਪੈਦਲ ਯਾਤਰਾ ਨੂੰ ਸਫਲ ਬਣਾਉਣ ਦੀ ਹਦਾਇਤ ਕੀਤੀ।

-----------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦਾ "ਸਮਾਧਾਨ ਸ਼ਿਵਿਰ" ਕੱਲ ਬਾਅਦ ਦੁਪਹਿਰ ਸਾਢੇ 3 ਵਜੇ ਤੋਂ ਸਾਢੇ 5 ਵਜੇ ਤੱਕ ਚੰਡੀਗੜ੍ਹ ਦੇ ਗੁਰੂ ਦਰੋਣਾਚਾਰੀਆ ਸਟੇਡੀਅਮ, ਡੱਡੂਮਾਜਰਾ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਸਮਾਧਾਨ ਸ਼ਿਵਿਰ ਕੇਵਲ ਧਨਾਸ ਅਤੇ ਡੱਡੂਮਾਜਰਾ ਦੇ ਨਿਵਾਸੀਆਂ ਲਈ ਆਯੋਜਿਤ ਕੀਤਾ ਜਾ ਰਿਹਾ ਏ । ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ, ਨਿਵਾਸੀ ਆਪਣੀਆਂ ਅਰਜ਼ੀਆਂ ਤੇ ਸ਼ਿਕਾਇਤਾਂ ਗੁਰੂ ਦਰੋਣਾਚਾਰੀਆ ਸਟੇਡੀਅਮ ਵਿਖੇ ਮੌਜੂਦ ਟੀਮਾਂ ਨੂੰ ਕੱਲ ਸਵੇਰੇ ਸਾਢੇ 9 ਵਜੇ ਤੋਂ ਸਾਢੇ 3 ਵਜੇ ਤੱਕ ਜਮ੍ਹਾਂ ਕਰਵਾ ਸਕਦੇ ਨੇ ।

-----------------------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ 15ਵਾਂ ਰੋਜ਼ ਫੈਸਟੀਵਲ ਅੱਜ ਪ੍ਰੋ. ਆਰ ਸੀ ਪਾਲ ਰੋਜ਼ ਗਾਰਡਨ ਵਿਖੇ ਸ਼ੁਰੂ ਹੋਇਆ I ਇਸ ਮੌਕੇ ਫੈਕਲਟੀ

ਮੈਂਬਰਾਂ, ਕਰਮਚਾਰੀਆਂ, ਵਿਦਿਆਰਥੀਆਂ ਅਤੇ ਲੋਕਾਂ ਦਾ ਇੱਕ ਵੱਡਾ ਇਕੱਠ ਹੋਇਆ, ਜਿਸ ਵਿੱਚ ਲਗਭਗ 500 ਭਾਗੀਦਾਰਾਂ ਨੇ ਉਦਘਾਟਨੀ ਦਿਨ 92 ਸ਼੍ਰੇਣੀਆਂ ਵਿੱਚ ਫੁੱਲਾਂ ਦੀਆਂ ਕਿਸਮਾਂ ਦਾ ਪ੍ਰਦਰਸ਼ਨ ਕੀਤਾ।

ਡੀਨ ਆਫ਼ ਯੂਨੀਵਰਸਿਟੀ ਇੰਸਟ੍ਰਕਸ਼ਨ ਪ੍ਰੋ. ਯੋਗਨਾ ਰਾਵਤ ਨੇ ਤਿੰਨ ਦਿਨਾਂ ਉਤਸਵ  ਦਾ ਉਦਘਾਟਨ ਕੀਤਾ।ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਨੇ ਕੈਂਪਸ ਸੰਸਥਾਵਾਂ ਅਤੇ ਭਾਈਵਾਲ ਸੰਗਠਨਾਂ ਵਲੋਂ ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦਾ ਦੌਰਾ ਕੀਤਾ। ਪ੍ਰੋ. ਰਾਵਤ ਨੇ ਬਾਗਬਾਨੀ ਵਿਭਾਗ ਦੇ ਬਾਗ ਦੀ ਦੇਖਭਾਲ ਵਿੱਚ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਲਾਨਾ ਤਿਉਹਾਰ ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਦਾ ਏ।ਕੱਲ ਨੂੰ ਰੰਗੋਲੀ, ਪੇਂਟਿੰਗ, ਡਾਂਸ, ਸਲੋਗਨ ਲਿਖਣ ਅਤੇ ਮਹਿੰਦੀ ਸਮੇਤ ਮੁਕਾਬਲੇ ਕਰਵਾਏ  ਜਾਣਗੇ, ਜਿਸ ਤੋਂ ਬਾਅਦ ਯੁਵਾ ਭਲਾਈ ਵਿਭਾਗ ਵਲੋਂ ਇੱਕ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ।

---

ਅੰਮ੍ਰਿਤਸਰ ਦੀ ਰਹਿਣ ਵਾਲੀ ਦੀਆ ਸ਼ਰਮਾ ਨੇ ਦੇਸ਼ ਪੱਧਰ ’ਤੇ ਨਾ ਸਿਰਫ਼ ਆਪਣੇ ਪਰਿਵਾਰ ਬਲਕਿ ਪੂਰੇ ਸੂਬੇ ਤੇ ਸ਼ਹਿਰ ਦਾ ਨਾਂ ਰੋਸ਼ਨ ਕੀਤਾ ਏ। ‘ਵਿਕਸਿਤ ਭਾਰਤ ਯੁਵਾ ਨੇਤਾ ਸਵਾਂਦ’ ਪ੍ਰੋਗਰਾਮ ਤਹਿਤ

ਉਸਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਸਿੱਧੀ ਮੁਲਾਕਾਤ ਕਰਨ ਅਤੇ ਆਪਣੇ ਵਿਚਾਰ ਸਾਂਝੇ ਕਰਨ ਦਾ ਮੌਕਾ ਮਿਲਿਆ। ਇਸ ਮੌਕੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਦੀਆ ਸ਼ਰਮਾ ਨੇ ਦੱਸਿਆ ਕਿ ਉਸਨੇ ਪ੍ਰਧਾਨ ਮੰਤਰੀ ਦੇ ਸਾਹਮਣੇ "ਮੇਕਿੰਗ ਇੰਡੀਆ ਦ ਸਟਾਰਟਅਪ ਕੈਪੀਟਲ ਆਫ਼ ਦ ਵਰਲਡ" ਵਿਸ਼ੇ 'ਤੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਯੁਵਾ ਸ਼ਕਤੀ ਦੀ ਭੂਮਿਕਾ 'ਤੇ ਜ਼ੋਰ ਦਿੱਤਾ। BYTE

---------------------------------------------------------------------------

ਪੰਜਾਬ ਪੁਲਿਸ ਨੇ ਔਰਤਾਂ ਲਈ ਸਹਾਇਤਾ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ, ਜਲੰਧਰ ਦੇ ਸਿਵਲ ਹਸਪਤਾਲ ਵਿਖੇ ਘਰੇਲੂ ਹਿੰਸਾ ਦੇ ਪੀੜਤਾਂ ਲਈ ਸਮਰਪਿਤ 'ਸਾਂਝ ਰਾਹਤ ਕੇਂਦਰ' ਸਥਾਪਤ ਕੀਤਾ ਏ । ਕੇਂਦਰ ਦਾ ਉਦਘਾਟਨ ਕਰਦਿਆਂ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਅਤੇ ਮਹਿਲਾ ਮਾਮਲਿਆਂ ਬਾਰੇ ਵਿਸ਼ੇਸ਼ ਡੀ.ਜੀ.ਪੀ ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਇਹ ਕੇਂਦਰ, ਸਰਗਰਮ ਭਾਈਚਾਰਕ ਭਾਈਵਾਲੀ ਰਾਹੀਂ ਮੁਸ਼ਕਲਾਂ ਦਾ ਸਾਹਮਣਾ ਕਰ ਰਹੀਆਂ ਔਰਤਾਂ ਨੂੰ ਸਮੇਂ ਸਿਰ ਮਾਨਸਿਕ-ਸਮਾਜਿਕ ਅਤੇ ਕਾਨੂੰਨੀ ਸਹਾਇਤਾ ਯਕੀਨੀ ਬਣਾਏਗਾ । ਇਸਦਾ ਉਦੇਸ਼ ਜਲਦ ਤੋਂ ਜਲਦ ਮੁਸ਼ਕਲਾਂ ਦਾ ਪਤਾ ਲਗਾ ਕੇ ਤੁਰੰਤ ਸਲਾਹ, ਕਾਨੂੰਨੀ ਸੇਧ ਅਤੇ ਪੁਨਰਵਾਸ ਸਬੰਧਾਂ ਸਮੇਤ ਏਕੀਕ੍ਰਿਤ ਸਹਾਇਤਾ ਪ੍ਰਦਾਨ

ਕਰਨਾ ਏ ।ਗੁਰਪ੍ਰੀਤ ਕੌਰ ਦਿਓ ਨੇ ਘਰੇਲੂ ਹਿੰਸਾ ਨੂੰ ਹੱਲ ਕਰਨ ਲਈ ਤੁਰੰਤ ਪੁਲਿਸ ਪ੍ਰਤੀਕਿਰਿਆ ਅਤੇ ਮਜ਼ਬੂਤ ਅੰਤਰ-ਵਿਭਾਗੀ ਤਾਲਮੇਲ ਦੀ ਵਿਸ਼ੇਸ਼ ਲੋੜ 'ਤੇ ਜ਼ੋਰ ਦਿੱਤਾ।

------------------------------------------------------------------------

ਜ਼ਿੰਬਾਬਵੇ ਵਿਚ ਖੇਡੇ ਜਾ ਰਹੇ ਅੰਡਰ-19 ਕ੍ਰਿਕੇਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਭਾਰਤ ਨੇ ਇੰਗਲੈਂਡ ਸਾਹਮਣੇ ਜਿੱਤ ਲਈ, 412 ਦੌੜਾਂ ਦਾ ਟੀਚਾ ਰੱਖਿਆ ਏ । ਆਖਰੀ ਖਬਰਾਂ ਮਿਲਣ ਸਮੇਂ ਤੱਕ ਇੰਗਲੈਂਡ ਨੇ 12 ਓਵਰਾਂ ਵਿੱਚ. 1 ਵਿਕਟਾਂ ਦੇ ਨੁਕਸਾਨ 'ਤੇ 86 ਦੌੜਾਂ ਬਣਾ ਲਈਆਂ ਸਨ। ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤ ਨੇ ਨਿਰਧਾਰਤ 50 ਓਵਰਾਂ ਵਿੱਚ, 9 ਵਿਕਟਾਂ ਦੇ ਨੁਕਸਾਨ 'ਤੇ 411 ਦੌੜਾਂ ਬਣਾਈਆਂ। ਭਾਰਤੀ ਟੀਮ ਇਸ ਟੂਰਨਾਮੈਂਟ ਵਿੱਚ ਹੁਣ ਤੱਕ ਜੇਤੂ ਰਹੀਂ ਏ। ਭਾਰਤ ਨੇ ਇਹ ਟੂਰਨਾਮੈਂਟ ਪੰਜ ਵਾਰ ਜਿੱਤਿਆ ਏ।

------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰੋਗਰਾਮ, "ਪਰਿਕ੍ਸ਼ਾ ਪੇ ਚਰਚਾ" ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ- ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਸਿੱਖਣ ਦੇ ਤਰੀਕਿਆਂ 'ਤੇ ਭਰੋਸਾ ਕਰਨ ਦੀ ਸਲਾਹ ਦਿੱਤੀ।

- ਪੰਜਾਬ ਸਰਕਾਰ ਵੱਲੋਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ, ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ, ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ I
- ਆਮ ਆਦਮੀ ਪਾਰਟੀ ਆਗੂ ਲੱਕੀ ਓਬਰਾਏ ਦੇ ਕਤਲ ਮਾਮਲੇ ਵਿਚ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ- ਮੁਲਜ਼ਮਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।
- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ 15ਵਾਂ ਰੋਜ਼ ਫੈਸਟੀਵਲ ਅੱਜ ਰੋਜ਼ ਗਾਰਡਨ 'ਚ ਸ਼ੁਰੂ ਹੋਇਆ I ਅਤੇ
- ਅੰਡਰ-19 ਕ੍ਰਿਕੇਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਭਾਰਤ ਨੇ ਇੰਗਲੈਂਡ ਸਾਹਮਣੇ ਜਿੱਤ ਲਈ, 412 ਦੌੜਾਂ ਦਾ ਟੀਚਾ ਰੱਖਿਆ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**